# ਕੁਲੈਕਟਰ ਰੇਟਾਂ ਵਿੱਚ ਸੋਧ ਕਰਨ ਸੰਬੰਧੀ ਡਿਪਟੀ ਕਮਿਸ਼ਨਰ ਵੱਲੋਂ ਮਾਲ ਵਿਭਾਗ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ

ਤਰਨਤਾਰਨ, 5 ਸਤੰਬਰ :

ਜ਼ਿਲ੍ਹੇ ਵਿੱਚ ਜ਼ਮੀਨ ਜਾਇਦਾਦਾਂ ਦੇ ਕੁਲੈਕਟਰ ਰੇਟਾਂ ਵਿੱਚ ਸੋਧ ਕਰਨ ਸੰਬੰਧੀ ਅੱਜ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਮਾਲ ਵਿਭਾਗ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਅਤੇ ਇਸ ਸੰਬੰਧੀ ਸੁਝਾਅ ਲਏ ਗਏ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਸੰਦੀਪ ਰਿਸ਼ੀ, ਐਸ.ਡੀ.ਐਮ. ਪੱਟੀ ਸ੍ਰ. ਸੁਰਿੰਦਰ ਸਿੰਘ, ਜ਼ਿਲ੍ਹਾ ਮਾਲ ਅਫ਼ਸਰ ਸ੍ਰ. ਅਰਵਿੰਦਰਪਾਲ ਸਿੰਘ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸ੍ਰ. ਜਗਜੀਤ ਸਿੰਘ ਬੱਲ, ਜ਼ਿਲ੍ਹਾ ਖੇਤੀਬਾੜੀ ਅਫ਼ਸਰ ਸ੍ਰ. ਪ੍ਰਤਾਪ ਸਿੰਘ ਸੰਧੂ, ਤਹਿਸੀਲਦਾਰ ਖਡੂਰ ਸਾਹਿਬ ਸੀਮਾ ਸਿੰਘ, ਤਹਿਸੀਲਦਾਰ ਤਰਨਤਾਰਨ ਗੁਰਵਰਿਆਮ ਸਿੰਘ, ਤਹਿਸੀਲਦਾਰ ਪੱਟੀ ਸਰਬਜੀਤ ਸਿੰਘ, ਨਾਇਬ ਤਹਿਸੀਲਦਾਰ ਗੋਇੰਦਵਾਲ ਸਾਹਿਬ ਹਰਵਿੰਦਰ ਸਿੰਘ, ਨਾਇਬ ਤਹਿਸੀਲਦਾਰ ਪੱਟੀ ਸੁਖਰਾਜ ਸਿੰਘ ਅਤੇ ਨਾਇਬ ਤਹਿਸੀਲਦਾਰ ਹਰੀਕੇ ਨਿਰਜੀਤ ਸਿੰਘ ਹਾਜ਼ਰ ਸਨ।



ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪ੍ਰਾਪਰਟੀ ਬਾਜ਼ਾਰ ਵਿੱਚ ਤੇਜ਼ੀ ਲਿਆਉਣ ਦੇ ਲਈ ਕੁਲੈਕਟਰ ਰੇਟਾਂ ਵਿੱਚ ਸੋਧ ਕਰਨ ਸੰਬੰਧੀ ਸੁਝਾਅ ਮੰਗੇ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਸੰਬੰਧੀ ਵਿਸਥਾਰਿਤ ਰਿਪੋਰਟ ਸਰਕਾਰ ਨੂੰ ਭੇਜੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਸਾਲ 2016-17 ਦੌਰਾਨ ਕੁਲੈਕਟਰ ਰੇਟਾਂ ਵਿੱਚ 10 ਫ਼ੀਸਦੀ ਤੋਂ ਲੈ ਕੇ 15 ਫ਼ੀਸਦੀ ਤੱਕ ਕਮੀ ਕੀਤੀ ਗਈ ਸੀ।

ਡਿਪਟੀ ਕਮਿਸ਼ਨਰ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ਼ਹਿਰੀ ਇਲਾਕਿਆਂ ਵਿੱਚ ਜਾਇਦਾਦ ਦੀ ਰਜਿਸਟ੍ਰੇਸ਼ਨ ਲਈ ਸਟੈਂਪ ਡਿਊਟੀ 9 ਫੀਸਦੀ ਤੋਂ ਘਟਾ ਕੇ 6 ਫੀਸਦੀ ਕਰਨ ਦੇ ਫ਼ੈਸਲੇ ਨਾਲ ਮੰਦੀ ਦੇ ਦੌਰ 'ਚੋਂ ਲੰਘ ਰਹੇ ਪ੍ਰਾਪਰਟੀ ਕਾਰੋਬਾਰ ਨੂੰ ਭਰਵਾਂ ਹੁੰਗਾਰਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਦੇ ਇਸ ਫ਼ੈਸਲੇ ਨਾਲ ਰੀਅਲ ਅਸਟੇਟ ਸੈਕਟਰ ਨਾਲ ਜੁੜੇ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ। ਉਨ੍ਹਾਂ ਕਿਹਾ ਕਿ ਸ਼ਹਿਰੀ ਇਲਾਕਿਆਂ ਵਿੱਚ ਜਾਇਦਾਦ ਦੀ ਰਜਿਸਟ੍ਰੇਸ਼ਨ 'ਤੇ

ਸਟੈਂਪ ਡਿਊਟੀ ਘੱਟਣ ਨਾਲ ਜਿੱਥੇ ਸ਼ਹਿਰੀ ਖੇਤਰ 'ਚ ਜਾਇਦਾਦ ਦੀ ਖਰੀਦੋ-ਫਰੋਖਤ ਵਧੇਗੀ, ਉਥੇ ਰੀਅਲ ਅਸਟੇਟ ਸੈਕਟਰ ਨਾਲ ਜੁੜੇ ਲੋਕਾਂ ਨੂੰ ਵੀ ਫਾਇਦਾ ਮਿਲੇਗਾ।

----------------------